# ਪੰਜਾਬ ਸਕੂਲ ਸਿੱਖਿਆ ਬੋਰਡ

## ਰਜਿਸਟ੍ਰੇਸ਼ਨ / ਕੰਟੀਨਿਊਸ਼ਨ ਰਿਵਾਈਜ਼ਡ ਸ਼ਡਿਊਲ

ਪੰਜਾਬ ਰਾਜ ਵਿੱਚ ਭਾਰੀ ਮੀਂਹ ਅਤੇ ਹੜ੍ਹਾਂ ਕਾਰਨ ਪੈਦਾ ਹੋਏ ਹਾਲਾਤਾਂ ਨੂੰ ਦੇਖਦਿਆਂ ਹੋਇਆਂ ਅਕਾਦਮਿਕ ਸਾਲ 2025-26 ਲਈ ਅੱਠਵੀਂ ਤੋਂ ਬਾਰ੍ਹਵੀਂ ਸ਼੍ਰੇਣੀ ਦੇ ਵਿਦਿਆਰਥੀਆਂ ਦੀ ਆਨ-ਲਾਈਨ ਰਜਿਸਟ੍ਰੇਸ਼ਨ/ਕੰਟੀਨਿਊਸ਼ਨ ਕਰਨ ਸਬੰਧੀ ਪਹਿਲਾਂ ਜਾਰੀ ਕੀਤੇ ਗਏ ਸ਼ਡਿਊਲ/ਰਿਵਾਈਜ਼ਡ ਸ਼ਡਿਊਲ ਦੀ ਲਗਾਤਾਰਤਾ ਵਿੱਚ ਹੇਠ ਲਿਖੇ ਅਨੁਸਾਰ ਵਾਧਾ / ਤਬਦੀਲੀ ਕਰਦੇ ਹੋਏ ਰਿਵਾਈਜ਼ਡ ਸ਼ਡਿਊਲ ਨਿਰਧਾਰਿਤ ਕੀਤਾ ਜਾਂਦਾ ਹੈ:-

**ਰਜਿਸਟ੍ਰੇਸ਼ਨ / ਕੰਟੀਨਿਊਸ਼ਨ ਦੀਆਂ ਮਿਤੀਆਂ ਦਾ ਰਿਵਾਈਜ਼ਡ ਸ਼ਡਿਊਲ (ਚੌਥੀ ਵਾਰ)**

| ਅੱਠਵੀਂ ਤੋਂ ਬਾਰ੍ਹਵੀਂ ਸ਼੍ਰੇਣੀ (ਪਹਿਲਾਂ ਜਾਰੀ ਸ਼ਡਿਊਲ ਅਨੁਸਾਰ ਚਾਲੂ ਲੇਟ ਫੀਸ) | ਆਨ-ਲਾਈਨ ਐਂਟਰੀ ਅਤੇ ਫੀਸ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ |
|---|---|
| 1500/-ਰੁ: ਲੇਟ ਫੀਸ (ਪ੍ਰਤੀ ਵਿਦਿਆਰਥੀ ਨਾਲ **(ਕੇਵਲ Online payment gateway ਵਿਧੀ ਰਾਹੀਂ ਹੀ)** | **30-09-2025** |

ਵਿਸ਼ੇਸ਼ ਨੋਟ :-

**(1)** ਇਸ ਨਿਰਧਾਰਿਤ ਸ਼ਡਿਊਲ ਅਨੁਸਾਰ ਸਕੂਲਾਂ ਵੱਲੋਂ ਆਨ-ਲਾਈਨ ਰਜਿਸਟ੍ਰੇਸ਼ਨ/ਕੰਟੀਨਿਊਸ਼ਨ ਫੀਸਾਂ **ਕੇਵਲ Online payment gateway ਵਿਧੀ** ਰਾਹੀਂ ਹੀ ਜਮ੍ਹਾਂ ਕਰਵਾਈਆਂ ਜਾ ਸਕਦੀਆਂ ਹਨ ।

**(2)** ਸਕੂਲਾਂ ਵੱਲੋਂ ਜਿੰਨਾਂ ਵਿਦਿਆਰਥੀਆਂ ਨੂੰ ਆਨ-ਲਾਈਨ ਰਜਿਸਟਰਡ ਕੀਤਾ ਜਾ ਚੁੱਕਾ ਹੈ, ਉਹਨਾਂ ਵਿੱਚੋਂ ਜੇਕਰ ਕਿਸੇ ਵਿਦਿਆਰਥੀ ਨੇ ਆਪਣਾ ਸਕੂਲ ਛੱਡਕੇ ਦੂਸਰੇ ਸਕੂਲ ਵਿੱਚ ਦਾਖਲਾ ਲੈਣਾ ਹੈ ਤਾਂ ਉਸਨੂੰ ਸਕੂਲ ਤੋਂ ਸਕੂਲ ਮਾਈਗ੍ਰੇਸ਼ਨ ਕਰਵਾਉਣੀ ਲਾਜ਼ਮੀ ਹੈ।

**(3)** ਉਪਰੋਕਤ ਤੋਂ ਇਲਾਵਾ ਪਹਿਲਾਂ ਜਾਰੀ ਕੀਤੇ ਗਏ ਸ਼ਡਿਊਲ/ਹਦਾਇਤਾਂ ਵਿੱਚ ਦਰਜ਼ ਕੀਤੀਆਂ ਗਈਆਂ ਸ਼ਰਤਾਂ ਹੁਣ ਜਾਰੀ ਕੀਤੇ ਜਾ ਰਹੇ ਰਿਵਾਈਜ਼ਡ ਸ਼ਡਿਊਲ 'ਤੇ ਵੀ ਇੰਨ-ਬਿੰਨ ਲਾਗੂ ਰਹਿਣਗੀਆਂ।

**(4)** ਅੱਠਵੀਂ ਤੋਂ ਬਾਰ੍ਹਵੀਂ ਸ਼੍ਰੇਣੀਆਂ ਦੇ ਵਿਦਿਆਰਥੀਆਂ ਦੀ ਆਨ-ਲਾਈਨ ਰਜਿਸਟ੍ਰੇਸ਼ਨ/ਕੰਟੀਨਿਊਸ਼ਨ ਕਰਨ ਲਈ ਆਖਰੀ ਮੌਕਾ ਦਿੱਤਾ ਜਾ ਰਿਹਾ ਹੈ। ਇਸ ਉਪਰੰਤ ਕੋਈ ਵੀ ਪ੍ਰਤੀ-ਬੇਨਤੀ ਕਿਸੇ ਵੀ ਵਜ੍ਹਾਂ ਕਾਰਨ ਸਵੀਕਾਰ ਨਹੀ ਕੀਤੀ ਜਾਵੇਗੀ। ਇਸ ਲਈ ਨਿਰਧਾਰਿਤ ਸ਼ਡਿਊਲ ਅਨੁਸਾਰ ਹੀ ਆਨ-ਲਾਈਨ ਰਜਿਸਟ੍ਰੇਸ਼ਨ/ਕੰਟੀਨਿਊਸ਼ਨ ਸਬੰਧੀ ਕਾਰਵਾਈ ਮੁਕੰਮਲ ਕਰਵਾਈ ਜਾਣੀ ਯਕੀਨੀ ਬਣਾਈ ਜਾਵੇ। ਇਸ ਉਪਰੰਤ ਵੀ ਜੇਕਰ ਕਿਸੇ ਵਿਦਿਆਰਥੀ ਦੀ ਆਨ-ਲਾਈਨ ਰਜਿਸਟ੍ਰੇਸ਼ਨ/ਕੰਟੀਨਿਊਸ਼ਨ ਕਰਨ ਤੋਂ ਰਹਿ ਜਾਂਦੀ ਹੈ ਤਾਂ ਇਸਦੀ ਸਮੁੱਚੀ ਜ਼ੁੰਮੇਵਾਰੀ ਸਕੂਲ ਮੁਖੀ ਦੀ ਹੀ ਹੋਵੇਗੀ।

25/09/2025

ਸੁਪਰਡੰਟ

(ਰਜਿਸਟਰੇਸ਼ਨ ਸ਼ਾਖਾ)